# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:28-03-2024**

ਰੇਲਵੇ ਲਈ ਸੁਰੱਖਿਆ ਚੁਣੌਤੀਆਂ ਅਤੇ ਉਭਰਦੇ ਖ਼ਤਰੇ ਦੀ ਸਮੀਖਿਆ ਕਰਨ ਲਈ ਪੰਜਾਬ ਦੇ ਡਾਇਰੈਕਟਰ ਜਨਰਲ ਪੁਲਿਸ ਗੌਰਵ ਯਾਦਵ ਨੇ ਕਲ ਪੰਜਾਬ ਪੁਲਿਸ ਹੈੱਡਕੁਆਰਟਰ ਚੰਡੀਗੜ੍ਹ ਵਿਖੇ ਰੇਲਵੇ ਲਈ ਸੂਬਾ ਪੱਧਰੀ ਸੁਰੱਖਿਆ ਕਮੇਟੀ ਨਾਲ ਤਾਲਮੇਲ ਮੀਟਿੰਗ ਦੀ ਪ੍ਰਧਾਨਗੀ ਕੀਤੀ । ਮੀਟਿੰਗ ਵਿੱਚ ਸਪੈਸ਼ਲ ਡੀ ਜੀ ਪੀ ਰੇਲਵੇ ਸ਼ਸ਼ੀ ਪ੍ਰਭਾ ਦਿਵੇਦੀ, ਸਪੈਸ਼ਲ ਡੀ ਜੀ ਪੀ ਅੰਦਰੂਨੀ ਸੁਰੱਖਿਆ ਆਰ ਐਨ ਢੋਕੇ, ਪ੍ਰਿੰਸੀਪਲ ਚੀਫ਼ ਕਮਿਸ਼ਨਰ ਰੇਲਵੇ ਪੁਲਿਸ ਫੋਰਸ ਏ ਐਨ ਮਿਸ਼ਰਾ ਅਤੇ ਸਰਕਾਰੀ ਰੇਲਵੇ ਪੁਲਿਸ, ਪੰਜਾਬ ਤੇ ਕੇਂਦਰੀ ਏਜੰਸੀਆਂ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹੇ । ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਸ ਮੀਟਿੰਗ ਦਾ ਉਦੇਸ਼ ਵੱਖ ਵੱਖ ਏਜੰਸੀਆਂ ਵਿਚਾਲੇ ਬਿਹਤਰ ਤਾਲਮੇਲ ਯਕੀਨੀ ਬਣਾਉਣਾ ਏ । ਉਨ੍ਹਾਂ RPF ਤੇ GRP ਨੂੰ ਆਮ ਯਾਤਰੀਆਂ ਦੀ

ਸੁਰੱਖਿਆ ਯਕੀਨੀ ਬਣਾਉਣ ਵਾਸਤੇ ਰੇਲਵੇ ਟਰੈਕਾਂ 'ਤੇ ਗਸ਼ਤ ਕਰਨ ਅਤੇ ਰੇਲ ਗੱਡੀਆਂ ਲਈ ਇਸਕੋਰਟ ਕਰਨ ਵਾਸਤੇ ਸਾਂਝੀਆਂ ਟੀਮਾਂ ਭੇਜਣ ਲਈ ਕਿਹਾ।

-------------------------------------------------------

ਬਠਿੰਡਾ ਰੇਂਜ ਦੇ ਵਧੀਕ ਡੀ.ਜੀ.ਪੀ ਸੁਰਿੰਦਰਪਾਲ ਸਿੰਘ ਪਰਮਾਰ ਨੇ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵਰਚੂਅਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਨਜਾਇਜ਼ ਸ਼ਰਾਬ, ਬੇਹਿਸਾਬ ਨਕਦੀ ਅਤੇ ਮਸਲ ਪਾਵਰ ਦੀ ਵਰਤੋਂ ਰੋਕਣ ਲਈ ਸਖ਼ਤ ਕਦਮ ਚੁੱਕਣ ਦੇ ਹੁਕਮ ਦਿੱਤੇ। ਮੀਟਿੰਗ ਵਿੱਚ ਹਿਸਾਰ ਰੇਂਜ ਦੇ ਵਧੀਕ ਡੀ.ਜੀ.ਪੀ ਡਾ. ਮੱਤਾ ਰਵੀ ਕਿਰਨ, ਅਤੇ ਫਰੀਦਕੋਟ ਰੇਂਜ ਦੇ ਆਈ.ਜੀ. ਗੁਰਸ਼ਰਨ ਸਿੰਘ ਸੰਧੂ, ਐਸ ਐਸ ਪੀ ਬਠਿੰਡਾ ਦੀਪਕ ਪ੍ਰਤੀਕ, ਐਸ ਐਸ ਪੀ ਮਾਨਸਾ ਡਾ. ਨਾਨਕ ਸਿੰਘ ਅਤੇ ਐਸ ਐਸ ਪੀ ਸ੍ਰੀ ਮੁਕਤਸਰ ਸਾਹਿਬ ਭਾਗੀਰਥ ਮੀਨਾ ਤੋਂ ਇਲਾਵਾ ਫਤਿਆਬਾਦ, ਸਿਰਸਾ ਅਤੇ ਡੱਬਵਾਲੀ ਦੇ ਐਸ.ਪੀਜ਼ ਆਨਲਾਈਨ ਹਾਜ਼ਰ ਰਹੇ। ਸੁਰਿੰਦਰਪਾਲ ਸਿੰਘ ਪਰਮਾਰ ਨੇ ਅਧਿਕਾਰੀਆਂ ਨੂੰ ਹਰਿਆਣਾ ਸੂਬੇ ਦੀ ਸਰਹੱਦ ਦੇ ਕਰੀਬ 180

ਕਿਲੋਮੀਟਰ 'ਤੇ ਲਗਾਏ ਗਏ ਸਾਰੇ ਅੰਤਰਰਾਜੀ ਨਾਕਿਆਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਲਈ ਵੀ ਆਖਿਆ।

-----------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅਕਾਲੀ ਦਲ ਵੱਲੋਂ ਕੱਢੀ ਜਾ ਰਹੀ 'ਪੰਜਾਬ ਬਚਾਓ ਯਾਤਰਾ' ਦੌਰਾਨ ਮਾਨਸਾ ਵਿਖੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੋਮਣੀ ਅਕਾਲੀ ਦਲ ਚੋਣ ਮੈਦਾਨ ਵਿਚ ਇਕੱਲੀ ਖੇਤਰੀ ਪਾਰਟੀ ਏ। ਉਨ੍ਹਾਂ ਕਿਹਾ ਕਿ ਪਾਰਟੀ ਦਾ ਮੁਕਾਬਲਾ ਭਾਜਪਾ, ਕਾਂਗਰਸ ਤੇ ਆਮ ਆਦਮੀ ਪਾਰਟੀ ਨਾਲ ਏ, ਜਿਹਨਾਂ ਕੋਲ ਪੰਜਾਬ ਲਈ ਕੋਈ ਏਜੰਡਾ ਨਹੀਂ ਏ। ਉਨ੍ਹਾਂ ਕਿਹਾ ਕਿ ਸਿਰਫ ਅਕਾਲੀ ਦਲ ਹੀ ਪੰਜਾਬ ਦੇ ਹਿੱਤਾਂ ਦੀ ਰਾਖੀ ਕਰ ਸਕਦਾ ਏ ਅਤੇ ਕਾਂਗਰਸ ਤੇ ਆਪ ਸਰਕਾਰਾਂ ਨੇ ਪੰਜਾਬ ਨੂੰ ਕਿਵੇਂ ਦਹਾਕਿਆਂ ਪਿੱਛੇ ਧੱਕ ਦਿੱਤਾ ਏ, ਇਹ ਸਾਰੇ ਜਾਂਦੇ ਨੇ। ਉਨ੍ਹਾਂ ਕਿਹਾ ਕਿ ਪੰਜਾਬ ਤੇ ਬਠਿੰਡਾ ਪਾਰਲੀਮਾਨੀ ਹਲਕੇ ਨੇ ਪਿਛਲੇ ਸੱਤ ਸਾਲਾਂ ਵਿਚ ਵੱਡਾ ਸੰਤਾਪ ਹੰਢਾਇਆ ਏ। ਇਸ ਮੌਕੇ ਸਾਂਸਦ ਹਰਸਿਮਰਤ ਕੌਰ ਬਾਦਲ ਵੀ ਉਨ੍ਹਾਂ ਨਾਲ ਮੌਜੂਦ ਰਹੇ।

---

ਲੁਧਿਆਣਾ ਤੋਂ ਸਾਂਸਦ ਰਵਨੀਤ ਸਿੰਘ ਬਿੱਟੂ ਤੇ ਜਲੰਧਰ ਤੋਂ ਸਾਂਸਦ ਸੁਸ਼ੀਲ ਕੁਮਾਰ ਰਿੰਕੂ ਅਤੇ ਜਲੰਧਰ ਪੱਛਮੀ ਤੋਂ ਵਿਧਾਇਕ ਸ਼ੀਤਲ ਅੰਗੁਰਾਲ ਦਾ ਭਾਜਪਾ ਵਿਚ ਸ਼ਾਮਲ ਹੋਣ ਦਾ ਭਾਜਪਾ ਐਸ ਸੀ ਮੋਰਚਾ ਨੇ ਸਵਾਗਤ ਕੀਤਾ ਏ। ਮੋਰਚਾ ਦੇ ਸੂਬਾ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਇਕ ਬਿਆਨ ਵਿਚ ਕਿਹਾ ਇਸ ਨਾਲ ਪਾਰਟੀ ਨੂੰ ਮਜਬੂਤੀ ਮਿਲੇਗੀ। ਉਨਾਂ ਕਿਹਾ ਕਿ ਸ਼ਿਰੋਮਣੀ ਅਕਾਲੀ ਦਲ ਨਾਲ ਗਠਜੋੜ ਤੋਂ ਵੀ ਬਹੁਤਾ ਲਾਭ ਨਹੀਂ ਹੋਣਾ ਸੀ ਅਤੇ ਇਸ ਤੋਂ ਇਲਾਵਾ ਜ਼ਮੀਨੀ ਪੱਧਰ 'ਤੇ ਹਰ ਪਾਰਟੀ ਵਰਕਰ ਇਸ ਵਿਚਾਰ ਦਾ ਵਿਰੋਧ ਕਰ ਰਿਹਾ ਸੀ ਕਿਉਂਕਿ ਅਕਾਲੀ ਪੰਜਾਬ ਵਿਚ ਇਕ ਅਪ੍ਰਸੰਗਿਕ ਸਿਆਸੀ ਤਾਕਤ ਬਣ ਗਈ ਏ। ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਇਹ ਚੰਗੀ ਗੱਲ ਏ ਕਿ ਹਾਈ ਕਮਾਂਡ ਨੇ ਵਰਕਰਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਏ।

---

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਹਾੜ੍ਹੀ ਸੀਜ਼ਨ ਦੀ ਮੁੱਖ ਫਸਲ ਕਣਕ ਦੇ ਖਰੀਦ ਪ੍ਰਬੰਧਾਂ ਦਾ ਜਾਇਜਾ ਲੈਣ ਲਈ

ਕਲ ਸੂਬੇ ਦੇ ਸਮੂਹ ਜਿਲ੍ਹਾਂ ਮੰਡੀ ਅਫ਼ਸਰਾਂ ਨਾਲ ਮੁਹਾਲੀ ਵਿਖੇ ਇਕ ਮੀਟਿੰਗ ਕੀਤੀ ਅਤੇ ਮੰਡੀਆਂ ਵਿੱਚ ਖਰੀਦ ਪ੍ਰਬੰਧ ਮੁਕੱਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪਹਿਲੀ ਅਪ੍ਰੈਲ ਤੋਂ ਪੰਜਾਬ ਦੀਆਂ ਮੰਡੀਆਂ ਵਿੱਚ ਕਣਕ ਦੀ ਆਮਦ ਸ਼ੁਰੂ ਹੋਣ ਵਾਲੀ ਏ ਅਤੇ ਇਸ ਲਈ ਮੰਡੀਆਂ ਤੇ ਖਰੀਦ ਕੇਂਦਰਾਂ ਦੀ ਸਾਫ਼ - ਸਫਾਈ, ਬਿਜਲੀ, ਪੀਣ ਯੋਗ ਪਾਣੀ, ਬਾਥਰੂਮਾਂ ਅਤੇ ਛਾਂ ਦੇ ਪੁਖਤਾ ਪ੍ਰਬੰਧਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾਵੇ ਤਾਂ ਜੋ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਸਮੱਸਿਆਂ ਪੇਸ਼ ਨਾ ਆਵੇ। ਉਨ੍ਹਾਂ ਸਮੂਹ ਅਫ਼ਸਰਾਂ ਨੂੰ ਹਰਿਆਵਲ ਮੁਹਿੰਮ ਤਹਿਤ ਮੰਡੀਆਂ ਵਿੱਚ ਰੁੱਖ ਲਗਾਉਣ ਲਈ ਵੀ ਪ੍ਰੇਰਿਤ ਕੀਤਾ।

---------------------------------------------------------------

ਲੋਕ ਸਭਾ ਚੋਣਾ ਸਬੰਧੀ ਵਧੇਰੇ ਸਟੀਕ ਅਤੇ ਸਮੇਂ ਸਿਰ ਜਾਣਕਾਰੀ ਆਮ ਲੋਕਾਂ ਤੱਕ ਪੁਹੰਚਾਉਣ ਲਈ ਫ਼ਰੀਦਕੋਟ ਦੇ ਜ਼ਿਲ੍ਹਾ ਚੋਣ ਅਫ਼ਸਰ ਦੇ ਸੋਸ਼ਲ ਮੀਡੀਆ ਪਲੇਟਫਾਰਮ ਅਤੇ ਅਕਾਊਂਟ ਕਾਰਜਸ਼ੀਲ ਨੇ ਤਾਂ ਜੋ ਲੋਕਤੰਤਰ ਦੀ ਮਜਬੂਤੀ ਲਈ ਵੱਧ ਤੋਂ ਵੱਧ ਲੋਕਾਂ ਨੂੰ ਵੋਟ ਦੇ ਹੱਕ ਪ੍ਰਤੀ

ਪ੍ਰੇਰਿਤ ਕੀਤਾ ਜਾ ਸਕੇ। ਇਹ ਜਾਣਕਾਰੀ ਦਿਦਿਆਂ ਜ਼ਿਲ੍ਹਾ ਚੋਣ ਅਫ਼ਸਰ ਵਿਨੀਤ ਕੁਮਾਰ ਨੇ  ਕਿਹਾ ਕਿ ਆਮ ਲੋਕਾਂ ਨਾਲ ਰਾਬਤਾ ਰੱਖਣ ਅਤੇ ਹਰ ਲੋੜੀਂਦੀ ਜਾਣਕਾਰੀ ਉਨ੍ਹਾਂ ਤੱਕ ਪਹੁੰਚਾਉਣ ਲਈ ਸੋਸ਼ਲ ਮੀਡੀਆ ਇਕ ਅਸਰਦਾਰ ਮਾਧਿਅਮ ਵਜੋਂ ਉਭਰਿਆ ਏ ਅਤੇ ਹੁਣ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਇਸ ਦਾ ਇਸਤੇਮਾਲ ਵੋਟਰ ਜਾਗਰੂਕਤਾ ਲਈ ਕੀਤਾ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਵੋਟਰਾਂ ਤੱਕ ਪਹੁੰਚ ਕਰਨ ਲਈ ਇਸ ਵਿਧੀ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਨੂੰ ਯਕੀਨੀ ਬਣਾਉਣ ਲਈ ਸ਼ੋਸ਼ਲ ਮੀਡੀਆ ਹੈਂਡਲ ਕਾਰਜਸ਼ੀਲ ਕੀਤੇ ਗਏ ਨੇ।

---------------------------------------------------------------

ਵੋਟਰਾਂ ਦੀ ਸਹੂਲਤ ਲਈ ਉਨ੍ਹਾਂ ਪੋਲਿੰਗ ਸਟੇਸ਼ਨਾਂ 'ਤੇ ਸਹਾਇਕ ਪੋਲਿੰਗ ਸਟੇਸ਼ਨ ਸਥਾਪਿਤ ਕੀਤੇ ਜਾਣਗੇ ਜਿੱਥੇ ਵੋਟਰਾਂ ਦੀ ਗਿਣਤੀ 1500 ਤੋਂ ਵੱਧ ਏ। ਇਸ ਗੱਲ ਦਾ ਪ੍ਰਗਟਾਵਾ ਲੁਧਿਆਣਾ ਦੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਕਲ ਇਕ ਮੀਟਿੰਗ ਦੌਰਾਨ ਕੀਤਾ।

ਵਧੀਕ ਡਿਪਟੀ ਕਮਿਸ਼ਨਰ ਮੇਜਰ ਅਮਿਤ ਸਰੀਨ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਇਸ ਮੌਕੇ ਤੇ ਮੌਜੂਦ ਸਨ। ਉਨਾਂ ਦੱਸਿਆ ਕਿ 1500 ਤੋਂ ਵੱਧ ਵੋਟਰਾਂ ਵਾਲੇ ਪੋਲਿੰਗ ਸਟੇਸ਼ਨਾਂ 'ਤੇ ਸਹਾਇਕ ਸਟੇਸ਼ਨ ਬਣਾਏ ਗਏ ਨੇ। ਸਹਾਇਕ ਪੋਲਿੰਗ ਸਟੇਸ਼ਨ ਪਹਿਲਾਂ ਤੋਂ ਸਥਾਪਿਤ ਪੋਲਿੰਗ ਸਟੇਸ਼ਨ ਵਾਲੀ ਬਿਲਡਿੰਗ ਵਿੱਚ ਹੀ ਸਥਾਪਿਤ ਕੀਤੇ ਗਏ ਨੇ, ਤਾਂ ਜੋ ਵੋਟਰਾਂ ਨੂੰ ਲੰਬੀਆਂ ਕਤਾਰਾਂ ਵਿੱਚ ਨਾ ਖੜ੍ਹਨਾ ਪਵੇ ਅਤੇ ਵੋਟਿੰਗ ਪ੍ਰਕਿਰਿਆ ਬਿਨਾਂ ਕਿਸੇ ਦੇਰੀ ਦੇ ਮੁਕੰਮਲ ਹੋ ਸਕੇ।

---------------------------------------------------------

ਮਾਤਾ ਸੀਤਲਾ ਨੂੰ  ਸਮਰਪਿਤ "ਬਾਸੜੇ ਦਾ ਤਿਓਹਾਰ" ਅੱਜ ਭਾਰਤ ਦੇ ਸਾਰੇ ਹਿੱਸਿਆਂ ਦੇ ਨਾਲ-ਨਾਲ ਮੋਹਾਲੀ ਜ਼ਿਲ੍ਹੇ ਵਿੱਚ ਵੀ  ਜੀਰਕਪੁਰ, ਡੇਰਾਬਸੀ, ਲਾਲੜੂ, ਖਰੜ, ਕੁਰਾਲੀ, ਬਨੂੜ, ਮੁੱਲਾਂਪੁਰ ਅਤੇ ਪਿੰਡ ਬਲੋਲਪੁਰ ਦੇ ਪ੍ਰੀਨ ਸੀਤਲਾ ਮੰਦਿਰ ਵਿਖੇ ਮਨਾਇਆ ਜਾ ਰਿਹਾ ਏ। ਮਾਤਾ ਨੂੰ ਇਕ ਸਾਮ ਪਹਿਲਾਂ ਤਿਆਰ ਮਿੱਠੀ ਰੋਟੀ, ਗੁਲਗੁਲੇ ਤੇ ਕਚੌਰੀਆਂ ਭੋਗ ਵਜੋਂ ਸਮਰਪਿਤ ਕੀਤਾ ਜਾਂਦਾ ਏ। ਹਰ ਸਾਲ ਹੀ ਹੋਲੀ ਤੋਂ ਬਾਦ ਪੈਂਦੇ ਪਹਿਲੇ ਮੰਗਲਵਾਰ ਤੇ ਵੀਰਵਾਰ ਨੂੰ ਸਾਰੇ ਧਰਮਾਂ, ਜਾਤਾਂ

ਦੇ ਲੋਕ, ਔਰਤਾਂ, ਬੱਚੇ, ਬਜ਼ੁਰਗ ਅਤੇ ਨੌਜਵਾਨ ਮੂੰਹ ਹਨੇਰੇ ਤੋਂ ਹੀ ਮਾਤਾ ਸੀਤਲਾ ਮੰਦਰ ਵਿੱਚ ਨਤਮਸਤਕ ਹੁੰਦੇ ਨੇ। ਇਸੇ ਤਰ੍ਹਾਂ ਪਿੰਡ ਬਲੋਲਪੁਰ ਦੇ ਪ੍ਰਾਚੀਨ ਸੀਤਲਾ ਮੰਦਰ ਵਿਖੇ ਲੋਕ ਸੀਤਲਾ ਮਾਤਾ ਨੂੰ ਬਾਸੀ ਮਿੱਠੀ ਰੋਟੀ, ਕਚੌਰਿਆਂ, ਕੱਚੀ ਲੱਸੀ, ਛੋਲੇ, ਹਲਦੀ, ਤੇ ਮਾਇਆ ਆਦਿ ਭੇਟ ਕਰ ਰਹੇ ਨੇ ਅਤੇ ਆਪਣੇ ਪਰਿਵਾਰ ਖਾਸਕਰ ਬੱਚਿਆਂ ਦੀ ਤੰਦਰੁਸਤੀ, ਲੰਮੀ ਉਮਰ ਦੀ ਕਾਮਨਾ ਕਰ ਰਹੇ ਨੇ।